ਮਲਾਰ ਮਹਲਾ ੩ ॥ ਜਿਨੀ ਹੁਕਮੁ ਪਛਾਣਿਆ ਸੇ ਮੇਲੇ ਹਉਮੈ ਸਬਦਿ ਜਲਾਇ ॥ ਸਚੀ ਭਗਤਿ ਕਰਹਿ ਦਿਨੁ ਰਾਤੀ ਸਚਿ ਰਹੇ ਲਿਵ ਲਾਇ ॥ ਸਦਾ ਸਚੁ ਹਰਿ ਵੇਖਦੇ ਗੁਰ ਕੈ ਸਬਦਿ ਸੁਭਾਇ ॥੧॥ ਮਨ ਰੇ ਹੁਕਮੁ ਮੰਨਿ ਸੁਖੁ ਹੋਇ ॥ ਪ੍ਰਭ ਭਾਣਾ ਅਪਣਾ ਭਾਵਦਾ ਜਿਸੁ ਬਖਸੇ ਤਿਸੁ ਬਿਘਨੁ ਨ ਕੋਇ ॥੧॥ ਰਹਾਉ ॥ ਤ੍ਰੈ ਗੁਣ ਸਭਾ ਧਾਤੁ ਹੈ ਨਾ ਹਰਿ ਭਗਤਿ ਨ ਭਾਇ ॥ ਗਤਿ ਮੁਕਤਿ ਕਦੇ ਨ ਹੋਵਈ ਹਉਮੈ ਕਰਮ ਕਮਾਹਿ ॥ ਸਾਹਿਬ ਭਾਵੈ ਸੋ ਥੀਐ ਪਇਐ ਕਿਰਤਿ ਫਿਰਾਹਿ ॥੨॥ ਸਤਿਗੁਰ ਭੇਟਿਐ ਮਨੁ ਮਰਿ ਰਹੈ ਹਰਿ ਨਾਮੁ ਵਸੈ ਮਨਿ ਆਇ ॥ ਤਿਸ ਕੀ ਕੀਮਤਿ ਨਾ ਪਵੈ ਕਹਣਾ ਕਿਛੂ ਨ ਜਾਇ ॥ ਚਉਥੈ ਪਦਿ ਵਾਸਾ ਹੋਇਆ ਸਚੈ ਰਹੈ ਸਮਾਇ ॥੩॥ ਮੇਰਾ ਹਰਿ ਪ੍ਰਭੁ ਅਗਮੁ ਅਗੋਚਰੁ ਹੈ ਕੀਮਤਿ ਕਹਣੁ ਨ ਜਾਇ ॥ ਗੁਰ ਪਰਸਾਦੀ ਬੁਝੀਐ ਸਬਦੇ ਕਾਰ ਕਮਾਇ ॥ ਨਾਨਕ ਨਾਮੁ ਸਲਾਹਿ ਤੂ ਹਰਿ ਹਰਿ ਦਰਿ ਸੋਭਾ ਪਾਇ ॥੪॥੨॥ {ਪੰਨਾ 1258}

ਪਦ ਅਰਥ:- ਸੇ—ਉਹਨਾਂ ਮਨੁੱਖਾਂ ਨੂੰ। ਸਬਦਿ—ਸ਼ਬਦ ਦੀ ਰਾਹੀਂ। ਜਲਾਇ—ਸਾੜ ਕੇ। ਸਚੀ—ਅਟੱਲ ਰਹਿਣ ਵਾਲੀ। ਸਚਿ—ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ। ਲਾਇ—ਲਾ ਕੇ। ਸਚੁ—ਸਦਾ-ਥਿਰ ਰਹਿਣ ਵਾਲਾ। ਕੈ ਸਬਦਿ—ਦੇ ਸ਼ਬਦ ਦੀ ਰਾਹੀਂ। ਸੁਭਾਇ—ਪ੍ਰੇਮ ਵਿਚ (ਟਿੱਕ ਕੇ)।1।

ਰੇ ਮਨ—ਹੇ ਮਨ! ਹੁਕਮੁ ਮੰਨਿ—ਹੁਕਮ ਨੂੰ ਆਪਣੇ ਭਲੇ ਵਾਸਤੇ ਜਾਣ, ਰਜ਼ਾ ਵਿਚ ਰਾਜ਼ੀ ਰਹੁ। ਬਿਘਨੁ—ਜੀਵਨ-ਰਾਹ ਵਿਚ ਰੁਕਾਵਟ।1। ਰਹਾਉ।

ਸਭਾ ਧਾਤੁ—ਨਿਰੀ ਦੌੜ-ਭੱਜ। ਭਾਇ—ਪਿਆਰ ਵਿਚ। ਗਤਿ—ਉੱਚੀ ਆਤਮਕ ਅਵਸਥਾ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਕਮਾਹਿ—ਕਰਦੇ ਰਹਿੰਦੇ ਹਨ। ਸਾਹਿਬ ਭਾਵੈ—ਮਾਲਕ-ਪ੍ਰਭੂ ਨੂੰ ਚੰਗਾ ਲੱਗਦਾ ਹੈ। ਪਇਐ ਕਿਰਤਿ—ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ। ਫਿਰਾਹਿ—ਭਟਕਦੇ ਫਿਰਦੇ ਹਨ।2।

ਭੇਟਿਐ—ਜੇ ਮਿਲ ਪਏ। ਮਰਿ ਰਹੈ—ਆਪਾ-ਭਾਵ ਦੂਰ ਕਰ ਲੈਂਦਾ ਹੈ। ਮਨਿ—ਮਨ ਵਿਚ। ਆਇ—ਆ ਕੇ। ਤਿਸ ਕੀ—(ਸੰਬੰਧਕ 'ਕੀ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ)। ਚਉਥੈ—ਮਾਇਆ ਦੀ ਤਿੰਨ ਗੁਣਾਂ ਤੋਂ ਉਤਲੀ ਅਵਸਥਾ ਵਿਚ। ਸਚੈ—ਸਦਾ-ਥਿਰ ਪ੍ਰਭੂ ਵਿਚ।3।

ਅਗਮੁ—ਅਪਹੁੰਚ। ਅਗੋਚਰੁ—(ਅ-ਗੋ-ਚਰੁ। ਗੋ—ਗਿਆਨ-ਇੰਦ੍ਰੇ। ਚਰੁ—ਪਹੁੰਚ) ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ। ਪਰਸਾਦੀ—ਕਿਰਪਾ ਨਾਲ ਹੀ। ਕਮਾਇ—ਕਮਾਂਦਾ ਹੈ। ਦਰਿ—ਦਰ ਤੇ। ਪਾਇ—ਪਾਂਦਾ ਹੈ (ਇਕ-ਵਚਨ)।4।

ਅਰਥ:- ਹੇ ਮਨ! (ਪਰਮਾਤਮਾ ਦੀ) ਰਜ਼ਾ ਵਿਚ ਤੁਰਿਆ ਕਰ, (ਇਸ ਤਰ੍ਹਾਂ) ਆਤਮਕ ਆਨੰਦ ਬਣਿਆ ਰਹਿੰਦਾ ਹੈ। ਹੇ ਮਨ! ਪ੍ਰਭੂ ਨੂੰ ਆਪਣੀ ਮਰਜ਼ੀ ਪਿਆਰੀ ਲੱਗਦੀ ਹੈ। ਜਿਸ ਮਨੁੱਖ ਉਤੇ ਮਿਹਰ ਕਰਦਾ ਹੈ (ਉਹ ਉਸ ਦੀ ਰਜ਼ਾ ਵਿਚ ਤੁਰਦਾ ਹੈ), ਉਸ ਦੇ ਜੀਵਨ-ਰਾਹ ਵਿਚ ਕੋਈ ਰੁਕਾਵਟ ਨਹੀਂ ਪੈਂਦੀ।1। ਰਹਾਉ।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਪਰਮਾਤਮਾ ਦੀ ਰਜ਼ਾ ਨੂੰ ਮਿੱਠਾ ਕਰ ਕੇ ਮੰਨਿਆ ਹੈ, ਪ੍ਰਭੂ ਨੇ ਗੁਰੂ ਦੇ ਸ਼ਬਦ ਦੀ ਰਾਹੀਂ (ਉਹਨਾਂ ਦੇ ਅੰਦਰੋਂ) ਹਉਮੈ ਸਾੜ ਕੇ ਉਹਨਾਂ ਨੂੰ (ਆਪਣੇ ਚਰਨਾਂ ਵਿਚ) ਜੋੜ ਲਿਆ ਹੈ। ਉਹ ਮਨੁੱਖ ਦਿਨ ਰਾਤ ਸਦਾ-ਥਿਰ ਪ੍ਰਭੂ ਦੀ ਭਗਤੀ ਕਰਦੇ ਹਨ, ਉਹ ਲਿਵ ਲਾ ਕੇ ਸਦਾ-ਥਿਰ ਹਰੀ ਵਿਚ ਟਿਕੇ ਰਹਿੰਦੇ ਹਨ। ਉਹ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ ਪ੍ਰਭੂ-ਪ੍ਰੇਮ ਵਿਚ (ਟਿਕ ਕੇ) ਸਦਾ-ਥਿਰ ਹਰੀ ਨੂੰ ਹਰ ਥਾਂ ਵੱਸਦਾ ਵੇਖਦੇ ਹਨ।1।

ਹੇ ਭਾਈ! ਤ੍ਰਿਗੁਣੀ (ਮਾਇਆ ਵਿਚ ਸਦਾ ਜੁੜੇ ਰਹਿਣਾ) ਨਿਰੀ ਭਟਕਣਾ ਹੀ ਹੈ (ਇਸ ਵਿਚ ਫਸੇ ਰਿਹਾਂ) ਨਾਹ ਪ੍ਰਭੂ ਦੀ ਭਗਤੀ ਹੋ ਸਕਦੀ ਹੈ, ਨਾਹ ਉਸ ਦੇ ਪਿਆਰ ਵਿਚ ਲੀਨ ਹੋ ਸਕੀਦਾ ਹੈ। (ਤ੍ਰਿਗੁਣੀ ਮਾਇਆ ਦੇ ਮੋਹ ਦੇ

ਕਾਰਨ) ਉੱਚੀ ਆਤਮਕ ਅਵਸਥਾ ਨਹੀਂ ਹੋ ਸਕਦੀ, ਵਿਕਾਰਾਂ ਤੋਂ ਖ਼ਲਾਸੀ ਕਦੇ ਨਹੀਂ ਹੋ ਸਕਦੀ। ਮਨੁੱਖ ਹਉਮੈ (ਵਧਾਣ ਵਾਲੇ) ਕੰਮ (ਹੀ) ਕਰਦੇ ਰਹਿੰਦੇ ਹਨ। (ਪਰ ਜੀਵਾਂ ਦੇ ਕੀਹ ਵੱਸ?) ਜੋ ਕੁਝ ਮਾਲਕ-ਹਰੀ ਨੂੰ ਚੰਗਾ ਲੱਗਦਾ ਹੈ ਉਹੀ ਹੁੰਦਾ ਹੈ, ਪਿਛਲੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਜੀਵ ਭਟਕਦੇ ਫਿਰਦੇ ਹਨ।2।

ਹੇ ਭਾਈ! ਜੇ ਗੁਰੂ ਮਿਲ ਪਏ, ਤਾਂ ਮਨੁੱਖ ਦਾ ਮਨ (ਅੰਦਰੋਂ) ਆਪਾ-ਭਾਵ ਦੂਰ ਕਰ ਲੈਂਦਾ ਹੈ, ਉਸ ਦੇ ਮਨ ਵਿਚ ਹਰਿ-ਨਾਮ ਆ ਵੱਸਦਾ ਹੈ, (ਫਿਰ ਉਸ ਦਾ ਜੀਵਨ ਇਤਨਾ ਉੱਚਾ ਹੋ ਜਾਂਦਾ ਹੈ ਕਿ) ਉਸ ਦਾ ਮੁੱਲ ਨਹੀਂ ਪੈ ਸਕਦਾ, ਉਸ ਦਾ ਬਿਆਨ ਨਹੀਂ ਹੋ ਸਕਦਾ। ਉਹ ਮਨੁੱਖ ਉਸ ਅਵਸਥਾ ਵਿਚ ਟਿੱਕ ਜਾਂਦਾ ਹੈ ਜਿੱਥੇ ਮਾਇਆ ਦੇ ਤਿੰਨ ਗੁਣਾਂ ਦਾ ਜ਼ੋਰ ਨਹੀਂ ਪੈ ਸਕਦਾ, ਉਹ ਸਦਾ ਕਾਇਮ ਰਹਿਣ ਵਾਲੇ ਪ੍ਰਭੂ ਵਿਚ ਲੀਨ ਹੋਇਆ ਰਹਿੰਦਾ ਹੈ।3।

ਹੇ ਭਾਈ! ਮੇਰਾ ਹਰੀ ਪ੍ਰਭੂ ਅਪਹੁੰਚ ਹੈ ਗਿਆਨ-ਇੰਦ੍ਰਿਆਂ ਦੀ ਪਹੁੰਚ ਤੋਂ ਪਰੇ ਹੈ, ਕਿਸੇ ਦੁਨੀਆਵੀ ਪਦਾਰਥ ਦੇ ਵੱਟੇ ਤੋਂ ਨਹੀਂ ਮਿਲ ਸਕਦਾ। ਗੁਰੂ ਦੀ ਮਿਹਰ ਨਾਲ ਹੀ ਉਸ ਦੀ ਜਾਣ-ਪਛਾਣ ਹੁੰਦੀ ਹੈ (ਜਿਸ ਨੂੰ ਜਾਣ-ਪਛਾਣ ਹੋ ਜਾਂਦੀ ਹੈ, ਉਹ ਮਨੁੱਖ) ਗੁਰੂ ਦੇ ਸ਼ਬਦ ਅਨੁਸਾਰ (ਹਰੇਕ) ਕਾਰ ਕਰਦਾ ਹੈ। ਹੇ ਨਾਨਕ! ਤੂੰ ਸਦਾ ਹਰਿ-ਨਾਮ ਸਿਮਰਦਾ ਰਹੁ। (ਜਿਹੜਾ ਸਿਮਰਦਾ ਹੈ) ਉਹ ਪ੍ਰਭੂ ਦੇ ਦਰ ਤੇ ਸੋਭਾ ਪਾਂਦਾ ਹੈ।4।2।